# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:26-10-2024**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ-AI ਪੂਰੀ ਦੁਨੀਆ ਲਈ ਮਹੱਤਵਪੂਰਨ ਬਣ ਗਈ ਏ ਅਤੇ ਵੱਖ-ਵੱਖ ਖੇਤਰਾਂ ਵਿੱਚ ਨੌਜਵਾਨਾਂ ਲਈ ਵਿਆਪਕ ਮੌਕੇ ਪੈਦਾ ਹੋਣਗੇ। ਛੱਤੀਸਗੜ੍ਹ ਦੀ ਰਾਜਧਾਨੀ ਰਾਏਪੁਰ 'ਚ ਨੈਸ਼ਨਲ ਇੰਸਟੀਚਿਊਟ ਆਫ ਟੈਕਨਾਲੋਜੀ ਦੇ ਕਨਵੋਕੇਸ਼ਨ ਸਮਾਗਮ 'ਚ ਉਨ੍ਹਾਂ ਕਿਹਾ ਕਿ ਇਸ ਨਾਲ ਇੰਜੀਨੀਅਰਿੰਗ ਖੇਤਰ 'ਚ ਵੀ ਕਾਢਾਂ ਨੂੰ ਉਤਸ਼ਾਹ ਮਿਲੇਗਾ। BYTE:

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਕੱਲ ਸਵੇਰੇ 11 ਵਜੇ, ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿਚ, ਦੇਸ਼ ਵਿਦੇਸ਼ 'ਚ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕਾਂ , ਆਕਾਸ਼ਵਾਣੀ ਖਬਰਾਂ ਦੀ

ਵੈਬਸਾਈਟ ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ । AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ ਯੂ ਟਿਊਬ ਚੈਨਲਾਂ 'ਤੇ ਵੀ ਮਨ ਕਿ ਬਾਤ ਪ੍ਰੋਗਰਾਮ ਦਾ ਸਿੱਧਾ ਪ੍ਰਸਾਰਣ ਕੀਤਾ ਜਾਵੇਗਾ । ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਦਾ ਖੇਤਰੀ ਭਾਸ਼ਾਵਾਂ ਵਿੱਚ ਪ੍ਰਸਾਰਣ ਕਰੇਗਾ ।

---------------------------------------------------------------

ਚੀਫ਼ ਜਸਟਿਸ ਡੀ.ਵਾਈ. ਚੰਦਰਚੂੜ ਨੇ ਕਿਹਾ ਏ ਕਿ ਨਿਆਂਪਾਲਿਕਾ ਸਮੇਤ ਸਾਰੇ ਖੇਤਰਾਂ 'ਚ ਔਰਤਾਂ ਦੀ ਵੱਧ ਤੋਂ ਵੱਧ ਭਾਗੀਦਾਰੀ 'ਤੇ ਜ਼ੋਰ ਦਿੱਤਾ ਗਿਆ ਏ । ਆਕਾਸ਼ਵਾਣੀ ਨਾਲ ਵਿਸ਼ੇਸ਼ ਇੰਟਰਵਿਊ ਵਿੱਚ, ਉਨ੍ਹਾਂ ਕਿਹਾ ਕਿ ਇਸ ਨਾਲ ਔਰਤਾਂ ਦਾ ਪੱਖ ਜਾਨਣਾ ਅਤੇ ਫੈਸਲੇ ਲੈਣ ਵਿੱਚ ਆਸਾਨੀ ਹੋਵੇਗੀ। ਚੀਫ਼ ਜਸਟਿਸ ਨੇ ਕਿਹਾ ਕਿ ਦੇਸ਼ ਭਰ ਵਿੱਚ, ਜ਼ਿਲ੍ਹਾ ਨਿਆਂਪਾਲਿਕਾ ਵਾਸਤੇ ਲਏ ਗਏ ਇਮਤਿਹਾਨਾਂ ਵਿੱਚ 50 ਫੀਸਦੀ ਤੋਂ ਵੱਧ ਭਰਤੀ ਔਰਤਾਂ ਦੀ ਹੋਈ ਏ । ਉਨ੍ਹਾਂ ਆਸ ਪ੍ਰਗਟਾਈ ਕਿ ਇਸ ਨਾਲ ਔਰਤਾਂ ਨਿਆਂਪਾਲਿਕਾ ਵਿੱਚ ਉੱਚ ਅਹੁਦਿਆਂ ’ਤੇ ਪੁੱਜ ਸਕਣਗੀਆਂ।

---

ਚੋਣ ਕਮਿਸ਼ਨ ਵੱਲੋਂ ਪੰਜਾਬ ਵਿਧਾਨ ਸਭਾ ਦੀਆਂ 4 ਸੀਟਾਂ ਦੀ ਜ਼ਿਮਨੀ ਚੋਣ ਲਈ ਜਨਰਲ ਨਿਗਰਾਨ, ਪੁਲਿਸ ਨਿਗਰਾਨ ਅਤੇ ਖਰਚਾ ਨਿਗਰਾਨ ਨਿਯੁਕਤ ਕੀਤੇ ਗਏ ਨੇ ਜੋ ਕਿ ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਨੂੰ ਯਕੀਨੀ ਬਣਾਉਣ ਲਈ ਅਹਿਮ ਭੂਮਿਕਾ ਨਿਭਾਉਣਗੇ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਲਈ ਅਜੈ ਸਿੰਘ ਤੋਮਰ , ਹਲਕਾ ਚੱਬੇਵਾਲ ਲਈ ਤਾਪਸ ਕੁਮਾਰ ਬਾਗਚੀ , ਹਲਕਾ ਗਿੱਦੜਬਾਹਾ ਲਈ ਸਮਿਤਾ ਆਰ ਅਤੇ ਹਲਕਾ ਬਰਨਾਲਾ ਲਈ ਨਵੀਨ ਐਸ. ਐਲ. ਨੂੰ ਜਨਰਲ ਨਿਗਰਾਨ ਨਿਯੁਕਤ ਕੀਤਾ ਗਿਆ ਏ । ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਇਨ੍ਹਾਂ ਸਾਰੇ ਨਿਗਰਾਨਾਂ ਦੀ ਜ਼ਿੰਮੇਵਾਰੀ ਚੋਣਾਂ ਨਿਰਪੱਖ, ਪਾਰਦਰਸ਼ੀ, ਸ਼ਾਂਤੀ ਅਤੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਿਕ ਸਿਰੇ ਚੜ੍ਹਾਉਣਾ ਏ ।

---

ਮਹਾਰਾਸ਼ਟਰਾ ਦੇ ਸਿਆਸੀ ਆਗੂ ਬਾਬਾ ਸਿੱਦੀਕੀ ਦੇ ਬੀਤੇ ਦਿਨੀ ਹੋਏ

ਕ਼ਤਲ ਮਾਮਲੇ ਵਿਚ, ਮੁੰਬਈ ਪੁਲਿਸ ਨੇ ਪੰਜਾਬ ਪੁਲਿਸ ਨਾਲ ਇੱਕ ਸਾਂਝੇ ਆਪਰੇਸ਼ਨ ਵਿੱਚ, ਇਸ ਕਤਲ ਮਾਮਲੇ ਵਿੱਚ ਲੋੜੀਂਦੇ ਮੁੰਬਈ ਦੇ ਰਹਿਣ ਵਾਲੇ ਸੁਜੀਤ ਸੁਸ਼ੀਲ ਸਿੰਘ ਨੂੰ ਗ੍ਰਿਫਤਾਰ ਕਰਕੇ ਇੱਕ ਵੱਡੀ ਸਫਲਤਾ ਹਾਸਿਲ ਕੀਤੀ ਏ ।ਸੁਜੀਤ ਕਤਲ ਦੀ ਸਾਜ਼ਿਸ਼ ਵਿੱਚ ਸ਼ਾਮਲ ਸੀ ।ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਇਕ ਸੋਸ਼ਲ ਮੀਡਿਆ ਪੋਸਟ ਵਿਚ ਇਸ ਬਾਰੇ ਜਾਣਕਾਰੀ ਦੀਦਿਆਂ ਦੱਸਿਆ ਕਿ ਉਸ ਨੂੰ ਅਗਲੇਰੀ ਜਾਂਚ ਲਈ ਮੁੰਬਈ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ ਏ ।ਓਹਨਾ ਕਿਹਾ ਕੀ ਪੰਜਾਬ ਪੁਲਿਸ ਅਤੇ ਮੁੰਬਈ ਪੁਲਿਸ ਨੇ ਇੱਕ ਅੰਤਰ-ਰਾਜੀ ਕਾਰਵਾਈ ਨੂੰ ਸਫਲਤਾ-ਪੂਰਵਕ ਅੰਜਾਮ ਦਿੱਤਾ ਏ, ਜੋ ਜਨਤਕ ਸੁਰੱਖਿਆ ਅਤੇ ਨਿਆਂ ਪ੍ਰਤੀ ਸਾਡੇ ਅਟੁੱਟ ਸਮਰਪਣ ਨੂੰ ਉਜਾਗਰ ਕਰਦਾ ਏ ।

---------------------------------------------------------------

ਪੰਜਾਬ ਪੁਲਿਸ ਦੇ ਪਬਲਿਕ ਆਊਟਰੀਚ ਪ੍ਰੋਗਰਾਮ 'ਸਹਿਯੋਗ' ਦਾ ਜ਼ਮੀਨੀ ਪੱਧਰ 'ਤੇ ਹੋਰ ਵਿਸਤਾਰ ਕਰਨ ਲਈ, ਪੁਲਿਸ ਕਮਿਸ਼ਨਰ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਵੱਲੋਂ ਪਿੰਡਾਂ ਅਤੇ ਮੁਹੱਲਿਆਂ ਦਾ ਦੌਰਾ ਕਰਕੇ ਜਨਤਕ ਮੀਟਿੰਗਾਂ ਕੀਤੀਆਂ ਜਾਣਗੀਆਂ, ਸਥਾਨਕ ਲੋਕਾਂ ਤੋਂ

ਫੀਡਬੈਕ ਲਈ ਜਾਵੇਗੀ । ਕਲ ਜਲੰਧਰ ਵਿਖੇ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਇਸ ਪਹਿਲਕਦਮੀ ਦਾ ਉਦੇਸ਼ ਪੁਲਿਸ ਅਤੇ ਲੋਕਾਂ ਦਰਮਿਆਨ ਪਾੜੇ ਨੂੰ ਪੂਰਨਾ ਏ । ਉਨ੍ਹਾਂ ਕਿਹਾ ਕਿ ਇਸ ਨਾਲ ਅਧਿਕਾਰੀਆਂ ਨੂੰ ਜ਼ਮੀਨੀ ਪੱਧਰ ਦੀਆਂ ਸਥਿਤੀਆਂ ਨੂੰ ਸਮਝਣ ਅਤੇ ਪੁਲਿਸ-ਜਨਤਕ ਸਬੰਧਾਂ ਨੂੰ ਮਜ਼ਬੂਤ ਕਰਨ ਵਿੱਚ ਮਦਦ ਮਿਲੇਗੀ । ਗੌਰਵ ਯਾਦਵ ਨੇ ਵੱਖ-ਵੱਖ ਖੇਤਰਾਂ ਦੇ ਲੋਕਾਂ ਨਾਲ ਗੈਰ-ਰਸਮੀ ਤੌਰ ‘ਤੇ ਗੱਲਬਾਤ ਦੌਰਾਨ ਸ਼ਹਿਰ ਦੀ ਅਮਨ-ਕਾਨੂੰਨ ਦੀ ਸਥਿਤੀ ਬਾਰੇ ਉਨ੍ਹਾਂ ਤੋਂ ਫੀਡਬੈਕ ਲਈ ਤੇ ਉਨ੍ਹਾਂ ਦੇ ਮਸਲਿਆਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ । ਇਸ ਮੌਕੇ ਪੁਲਿਸ ਕਮਿਸ਼ਨਰ ਜਲੰਧਰ ਸਵਪਨ ਸ਼ਰਮਾ ਵੀ ਮੌਜੂਦ ਸਨ ।

------------------------------------------------------------

ਚੰਡੀਗੜ੍ਹ ਸਥਿਤ ਪੰਜਾਬ ਯੂਨੀਵਰਸਿਟੀ ਦਾ ਯੁਵਕ ਅਤੇ ਵਿਰਾਸਤੀ ਮੇਲਾ- ਕੈਂਪਸ ਵਿੱਚ,ਬੀਤੀ ਸ਼ਾਮ ਇੱਕ ਯਾਦਗਾਰੀ ਗ੍ਰੈਂਡ ਫਿਨਾਲੇ ਦੇ ਨਾਲ ਸਮਾਪਤ ਹੋਇਆ। ਲਗਭਗ 3 ਹਜ਼ਾਰ ਵਿਦਿਆਰਥੀਆਂ ਅਤੇ ਮਹਿਮਾਨਾ ਨੇ , ਸਮਾਪਤੀ ਵਾਲੇ ਦਿਨ ਪੰਜਾਬ ਦੇ ਅਮੀਰ ਸੱਭਿਆਚਾਰਕ ਵਿਰਸੇ ਦਾ ਜਸ਼ਨ ਮਨਾਉਣ ਵਾਲੇ ਭੰਗੜੇ ਦੀ ਪੇਸ਼ਕਾਰੀ ਦਾ ਖ਼ੂਬ ਆਨੰਦ ਮਾਣਿਆ । ਭੰਗੜੇ ਦੇ ਮੁਕਾਬਲੇ ਵਿੱਚ GGD-SD ਕਾਲਜ ਨੇ ਪਹਿਲਾ

ਸਥਾਨ ਹਾਸਲ ਕੀਤਾ। ਵੱਕਾਰੀ ਓਵਰਆਲ ਟਰਾਫੀ ਪੀ.ਜੀ. ਸਰਕਾਰ ਕਾਲਜ ਫਾਰ ਗਰਲਜ਼, ਸੈਕਟਰ 11, ਚੰਡੀਗੜ੍ਹ, ਜਦਕਿ GGD-SD ਕਾਲਜ ਸੈਕਟਰ 32 ਨੇ ਦੂਜਾ ਅਤੇ SGGS ਕਾਲਜ ਸੈਕਟਰ 26 ਨੇ ਦੂਜਾ ਸਥਾਨ ਹਾਸਲ ਕੀਤਾ। ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਰੇਣੂ ਵਿਗ ਅਤੇ ਹੋਰਨਾਂ ਨੇ ਜ਼ੋਨ 1 ਦੇ ਜੇਤੂ ਨੂੰ ਵੱਕਾਰੀ ਓਵਰਆਲ ਟਰਾਫੀ ਪ੍ਰਦਾਨ ਕੀਤੀ।

---------------------------------------------------------------

ਬਟਾਲਾ ਨੇੜਲੇ ਪਿੰਡ ਸਖੋਵਾਲ ਵਿਖੇ ਬੀਤੀ ਸ਼ਾਮ ਹੋਏ ਇਕ ਸੜਕ ਹਾਦਸੇ ਦੌਰਾਨ 3 ਲੋਕਾਂ ਦੀ ਮੌਤ ਹੋ ਗਈ ਅਤੇ 2 ਜਣੇ ਗੰਭੀਰ ਜ਼ਖਮੀ ਹੋਏ ਨੇ ਜ਼ਖਮੀਆਂ ਨੂੰ ਬਟਾਲੇ ਦੇ ਨਿੱਜੀ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ। ਸਾਡੇ ਪਤਰਕਾਰ ਨੇ ਦਸਿਆ ਏ ਕਿ ਹਾਦਸਾ ਉਸ ਵੇਲੇ ਵਾਪਰਿਆ ਜਦੋ ਪਿੰਡ ਸਖੋਵਾਲ ਵਿਚ ਬਟਾਲੇ ਵਲੋਂ ਤੇਜ਼ ਰਫਤਾਰ ਨਾਲ ਆਉਂਦੀ ਕਾਰ ਨੇ 2 ਵੱਖ ਵੱਖ ਮੋਟਰਸਾਈਕਲਾਂ ਅਤੇ ਪੈਦਲ ਜਾ ਰਹੇ ਇਕ ਵਿਅਕਤੀ ਨੂੰ ਆਪਣੀ ਲਪੇਟ ਚ ਲੈ ਲਿਆ। ਮ੍ਰਿਤਕ ਦੀ ਪਛਾਣ ਸਖੋਵਾਲ ਦੇ ਜਗਤਾਰ ਸਿੰਘ ਅਤੇ ਪੰਜਗਰੀਆਂ ਦੇ

ਬਲਦੇਵ ਸਿੰਘ ਵਜੋਂ ਹੋਏ ਏ।   ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਏ ਈ